# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 08-01-2025**

- ਇਕ ਦੇਸ਼ ਇਕ ਚੋਣ ਨਾਲ ਸਬੰਧਤ ਦੋ ਬਿਲਾਂ ਬਾਰੇ ਸਾਂਝੀ ਸੰਸਦੀ ਕਮੇਟੀ ਦੀ ਪਹਿਲੀ ਮੀਟਿੰਗ ਅਜ ਨਵੀਂ ਦਿੱਲੀ ਵਿਖੇ ਹੋਈ।
- ਪੰਜਾਬ ਦੇ ਸਿਹਤ ਦੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਏ ਕਿ ਉਹ ਐਚ ਐਮ ਪੀ ਵੀ ਵਾਇਰਸ ਤੋਂ ਕਿਸੇ ਤਰ੍ਹਾਂ ਨਾ ਘਬਰਾਉਣ।
- ਹੁਸ਼ਿਆਰਪੁਰ ਜ਼ਿਲ੍ਹਾ ਪੁਲਿਸ ਤੇ ਸਿਵਲ ਪ੍ਰਸ਼ਾਸਨ ਵੱਲੋਂ ਨਸ਼ੇ ਦੇ ਖਾਤਮੇ ਲਈ ਮਿਸ਼ਨ ਹੁਸ਼ਿਆਰ ਦੀ ਸ਼ੁਰੂਆਤ।
- ਮੌਸਮ ਵਿਭਾਗ ਨੇ ਪੰਜਾਬ ਵਿਚ ਆਉਂਦੇ ਦੋ ਦਿਨਾਂ ਵਿਚ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ।

---

'ਇੱਕ ਦੇਸ਼ ਇੱਕ ਚੋਣ' ਨਾਲ ਸਬੰਧਤ ਦੋ ਬਿੱਲਾਂ ‘ਤੇ ਸਾਂਝੀ ਸੰਸਦੀ

ਕਮੇਟੀ-JPC ਦੀ ਪਹਿਲੀ ਮੀਟਿੰਗ ਅੱਜ ਨਵੀਂ ਦਿੱਲੀ ਵਿੱਚ ਹੋਈ। ਇਨ੍ਹਾਂ ਬਿੱਲਾਂ ਨੂੰ ਅਧਿਕਾਰਤ ਤੌਰ 'ਤੇ 129ਵਾਂ ਸੰਵਿਧਾਨਕ ਸੋਧ ਬਿੱਲ-2024 ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਕਾਨੂੰਨ-ਸੋਧ ਬਿੱਲ-2024 ਨਾਂ ਦਿੱਤਾ ਗਿਆ ਏ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ, ਕਮੇਟੀ ਦੇ ਚੇਅਰਪਰਸਨ, ਬੀਜੇਪੀ ਦੇ ਸੰਸਦ ਮੈਂਬਰ ਪੀ ਪੀ ਚੌਧਰੀ ਨੇ ਕਿਹਾ ਏ ਕਿ ਕਮੇਟੀ ਸਾਰੇ ਹਿੱਸੇਦਾਰਾਂ ਦੇ ਵਿਚਾਰ ਲਵੇਗੀ, ਭਾਵੇਂ ਉਹ ਕਾਨੂੰਨੀ ਮਾਹਰ ਜਾਂ ਨਿਆਂਪਾਲਿਕਾ ਦੇ ਮੈਂਬਰ ਹੋਣ, ਸਿਵਲ ਸੁਸਾਇਟੀ ਦੇ ਮੈਂਬਰ ਹੋਣ ਜਾਂ ਕਿਸੇ ਵੀ ਸਿਆਸੀ ਪਾਰਟੀਆਂ ਦੇ ਮੈਂਬਰ ਹੋਣ। ਉਨ੍ਹਾਂ ਕਿਹਾ ਕਿ ਕਮੇਟੀ ਸਾਰਿਆਂ ਦੇ ਵਿਚਾਰ ਲੈਣ ਤੋਂ ਬਾਅਦ ਹੀ ਅੱਗੇ ਵਧਣ ਦਾ ਫੈਸਲਾ ਕਰੇਗੀ। ਮੀਟਿੰਗ ਦੌਰਾਨ ਕਾਨੂੰਨ ਅਤੇ ਨਿਆਂ ਮੰਤਰਾਲੇ ਦੇ ਨੁਮਾਇੰਦਿਆਂ ਨੇ ਮੈਂਬਰਾਂ ਨੂੰ ਤਜਵੀਜ਼ ਕੀਤੇ ਗਏ ਕਾਨੂੰਨਾਂ ਦੇ ਉਪਬੰਧਾਂ ਬਾਰੇ ਜਾਣੂ ਕਰਵਾਇਆ। 39 ਮੈਂਬਰੀ ਕਮੇਟੀ ਵਿੱਚ 27 ਮੈਂਬਰ ਲੋਕ ਸਭਾ ਅਤੇ 12 ਰਾਜ ਸਭਾ ਤੋਂ ਨੇ। ਇਹ ਕਮੇਟੀ ਅਗਲੇ ਸੰਸਦ ਇਜਲਾਸ ਦੇ ਆਖਰੀ ਹਫਤੇ ਦੇ ਪਹਿਲੇ ਦਿਨ ਤੱਕ ਆਪਣੀ ਰਿਪੋਰਟ ਸੌਂਪੇਗੀ।

------------------------------------------------------------

ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੇ ਕਿਹਾ ਕਿ ਭਾਰਤ ਅੱਜ ਇੱਕ ਆਧੁਨਿਕ, ਸਮਾਵੇਸ਼ੀ ਅਤੇ ਪ੍ਰਗਤੀਸ਼ੀਲ ਸਮਾਜ ਦੇ ਨਿਰਮਾਣ ਲਈ ਲੰਬੇ ਸਮੇਂ ਤੋਂ ਚੱਲ ਰਹੀਆਂ ਚੁਣੌਤੀਆਂ ਦਾ ਹੱਲ ਕਰਨ ਦੇ ਰਾਹ 'ਤੇ ਹੈ।

ਉਨ੍ਹਾਂ ਕਿਹਾ ਕਿ 'ਸਾਡੀ ਖੋਜ ਵਿਲੱਖਣ ਏ ਕਿਉਂਕਿ ਦੁਨੀਆ ਦਾ ਸਭ ਤੋਂ ਵੱਡਾ ਦੇਸ਼ ਲੋਕਤੰਤਰੀ ਢਾਂਚੇ ਵਿਚ ਇਸ ਤਰੀਕੇ ਨਾਲ ਵਿਕਾਸ ਕਰ ਰਿਹਾ ਏ। ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਯਾਤਰਾ ਦਾ ਮੰਤਰ ਅੱਗੇ ਵਧਣਾ ਏ, ਜਿਵੇਂ ਕਿ ਪ੍ਰਧਾਨ ਮੰਤਰੀ ਮੋਦੀ ਕਹਿੰਦੇ ਨੇ, ਤਕਨਾਲੋਜੀ ਅਤੇ ਪਰੰਪਰਾ ਦੇ ਦੋ ਆਧਾਰਾਂ 'ਤੇ ਅੱਗੇ ਵਧਣਾ ਏ। ਡਾ. ਜੈਸ਼ੰਕਰ ਨੇ ਇਹ ਵੀ ਕਿਹਾ ਕਿ ਨੌਜਵਾਨ ਯਕੀਨੀ ਤੌਰ 'ਤੇ ਸਾਡੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਫੈਸਲਾਕੁੰਨ ਕਾਰਕ ਹੋ ਸਕਦੇ ਨੇ।

ਅੱਜ ਭੁਵਨੇਸ਼ਵਰ ਵਿਖੇ ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਅਤੇ ਉੜੀਸਾ ਸਰਕਾਰ ਵੱਲੋਂ ਸਾਂਝੇ ਤੌਰ 'ਤੇ ਕਰਵਾਏ ਯੁਵਾ ਪ੍ਰਵਾਸੀ ਭਾਰਤੀ ਦਿਵਸ ਸੰਮੇਲਨ ਨੂੰ ਸੰਬੋਧਨ ਕਰਦਿਆਂ ਵਿਦੇਸ਼ ਮੰਤਰੀ ਨੇ ਕਿਹਾ ਕਿ ਭਾਰਤ ਨੇ ਅੰਮ੍ਰਿਤ ਕਾਲ ਵਿੱਚ 'ਵਿਕਸਿਤ ਭਾਰਤ' ਵੱਲ ਯਾਤਰਾ ਸ਼ੁਰੂ

ਕੀਤੀ ਏ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਆਉਣ ਵਾਲੀ ਪੀੜ੍ਹੀ ਲਈ ਬਹੁਤ ਅਹਿਮ ਏ। ਇਸ ਦੌਰ ਵਿੱਚ ਨੌਜਵਾਨ ਅੱਗੇ ਆਉਣਗੇ ਤੇ ਦੇਸ਼ ਦੀ ਅਗਵਾਈ ਕਰਨਗੇ।

-----------------------------------------------------------

ਕੇਂਦਰੀ ਸੜਕੀ ਆਵਾਜਾਈ ਅਤੇ ਸ਼ਾਹਮਾਰਗ ਮੰਤਰੀ ਨਿਤਿਨ ਗਡਕਰੀ ਨੇ ਕਿਹਾ ਏ ਕਿ 2024 ਵਿੱਚ ਸੜਕ ਹਾਦਸਿਆਂ ਕਾਰਨ ਲਗਭਗ ਇਕ ਲੱਖ 80 ਹਜ਼ਾਰ ਮੌਤਾਂ ਹੋਈਆਂ ਨੇ। ਨਵੀਂ ਦਿੱਲੀ ਵਿੱਚ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਟਰਾਂਸਪੋਰਟ ਮੰਤਰੀਆਂ ਨਾਲ ਸੜਕ ਸੁਰੱਖਿਆ ਬਾਰੇ ਮੀਟਿੰਗ ਮਗਰੋਂ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ੍ਰੀ ਗਡਕਰੀ ਨੇ ਦੱਸਿਆ ਕਿ ਤਕਰੀਬਨ 30 ਹਜ਼ਾਰ ਲੋਕਾਂ ਦੀ ਹੈਲਮੇਟ ਨਾ ਪਾਉਣ ਕਾਰਨ ਮੌਤ ਹੋਈ ਏ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ 66 ਫੀਸਦੀ ਮੌਤਾਂ 18 ਤੋਂ 34 ਸਾਲ ਦੀ ਉਮਰ ਵਰਗ ਵਿੱਚ ਹੋਈਆਂ ਨੇ। ਉਨ੍ਹਾਂ ਇਹ ਵੀ ਕਿਹਾ ਕਿ ਸਕੂਲਾਂ ਅਤੇ ਕਾਲਜਾਂ ਦੇ ਸਾਹਮਣੇ ਐਂਟਰੀ ਪੁਆਇੰਟ 'ਤੇ ਢੁੱਕਵੇਂ ਪ੍ਰਬੰਧਾਂ ਦੀ ਘਾਟ ਕਾਰਨ ਲਗਭਗ 10 ਹਜ਼ਾਰ ਬੱਚਿਆਂ ਦੀ ਮੌਤ ਹੋਈ ਏ।

**Byte**

ਉਨ੍ਹਾਂ ਇਸ ਗੱਲ ਤੇ ਵੀ ਜੋਰ ਦਿਤਾ ਕਿ ਸੜਕ ਹਾਦਸਿਆਂ ਦੇ ਪੀੜਤਾਂ ਲਈ ਕੈਸ਼ਲੈਸ ਟ੍ਰੀਟਮੈਂਟ ਸਕੀਮ ਦੀ ਸ਼ੁਰੂਆਤ ਕੀਤੀ ਗਈ ਏ। ਇਸ ਸਕੀਮ ਤਹਿਤ ਸਰਕਾਰ ਦੁਰਘਟਨਾ ਪੀੜਤਾਂ ਦੇ ਇਲਾਜ ਲਈ ਵੱਧ ਤੋਂ ਵੱਧ ਇਕ ਲੱਖ 50 ਹਜ਼ਾਰ ਰੁਪਏ ਤੱਕ ਦੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਹਿੱਟ ਐਂਡ ਰਨ ਕੇਸ ਵਿੱਚ ਮਰਨ ਵਾਲਿਆਂ ਲਈ ਲਗਭਗ 2 ਲੱਖ ਰੁਪਏ ਦਿੱਤੇ ਜਾਣਗੇ।

----------------------------------------------------

ਹਵਾਈ ਸੈਨਾ ਮੁਖੀ ਅਮਰ ਪ੍ਰੀਤ ਸਿੰਘ ਨੇ ਅੱਜ ਨਵੀਂ ਦਿੱਲੀ ਵਿੱਚ ਨੈਸ਼ਨਲ ਕੈਡੇਟ ਕੋਰ ਦੇ ਗਣਤੰਤਰ ਦਿਵਸ ਕੈਂਪ 2025 ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਸ੍ਰੀ ਸਿੰਘ ਨੇ ਕਿਹਾ ਕਿ ਐੱਨਸੀਸੀ ਦੇਸ਼ ਨੂੰ ਇਕਜੁੱਟ ਕਰਨ ਲਈ ਸ਼ਲਾਘਾਯੋਗ ਕੰਮ ਕਰ ਰਹੀ ਏ। ਉਨ੍ਹਾਂ ਨੇ ਐਨ.ਸੀ.ਸੀ. ਨੂੰ ਰਾਸ਼ਟਰ ਨਿਰਮਾਣ ਲਈ ਸਿਖਲਾਈ ਪ੍ਰਾਪਤ ਨੌਜਵਾਨ ਦਿਮਾਗਾਂ ਦਾ ਕੇਂਦਰ ਦੱਸਦੇ ਹੋਏ ਖੁਸ਼ੀ ਪ੍ਰਗਟ ਕੀਤੀ। ਸ੍ਰੀ ਸਿੰਘ ਨੇ ਨੌਜਵਾਨਾਂ ਨੂੰ ਐਨ.ਸੀ.ਸੀ. ਵਿੱਚ ਸ਼ਾਮਲ ਹੋਣ ਅਤੇ ਦੇਸ਼ ਦੇ ਵਿਕਾਸ ਨੂੰ ਅੱਗੇ ਲਿਜਾਣ

ਲਈ ਵੀ ਪ੍ਰੇਰਿਤ ਕੀਤਾ। ਹਵਾਈ ਸੈਨਾ ਮੁਖੀ ਨੇ ਕਿਹਾ ਕਿ ਐਨਸੀਸੀ ਨਿਰਸਵਾਰਥ ਸੇਵਾ, ਲੀਡਰਸ਼ਿਪ, ਦੇਸ਼ ਭਗਤੀ, ਅਨੁਸ਼ਾਸਨ ਆਦਿ ਦੇ ਹੁਨਰਾਂ ਨੂੰ ਪ੍ਰਦਾਨ ਕਰਨ ਵਿੱਚ ਮਦਦ ਕਰਦੀ ਏ, ਉਨ੍ਹਾਂ ਨੇ ਇਹ ਵੀ ਕਿਹਾ ਕਿ ਭਾਰਤੀ ਹਵਾਈ ਸੈਨਾ ਐਨਸੀਸੀ ਨੂੰ ਸਿਖਲਾਈ ਅਤੇ ਹੋਰ ਪ੍ਰੋਗਰਾਮਾਂ ਰਾਹੀਂ ਹਰ ਸੰਭਵ ਮਦਦ ਦੀ ਪੇਸ਼ਕਸ਼ ਕਰੇਗੀ।

---------------------------------------------------------

ਹੁਸ਼ਿਆਰਪੁਰ ਜ਼ਿਲ੍ਹਾ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਨੇ ਨਸ਼ੇ ਦੇ ਖਾਤਮੇ ਲਈ ਸਾਂਝੇ ਤੌਰ 'ਤੇ 'ਮਿਸ਼ਨ ਹੁਸ਼ਿਆਰ' ਦੀ ਸ਼ੁਰੂਆਤ ਕੀਤੀ ਏ। ਇਸ ਮੁਹਿੰਮ ਤਹਿਤ ਪਿੰਡਾਂ ਦੀਆਂ ਪੰਚਾਇਤਾਂ ਅਤੇ ਇਲਾਕਾ ਵਾਸੀਆਂ ਨੂੰ ਨਸ਼ੇ ਦੇ ਖਾਤਮੇ ਲਈ ਇਕੱਠੇ ਹੋ ਕੇ ਉਪਰਾਲੇ ਕਰਨ ਦੀ ਅਪੀਲ ਕੀਤੀ ਗਈ ਏ। ਲੋਕ ਸਭਾ ਮੈਂਬਰ ਡਾ: ਰਾਜ ਕੁਮਾਰ ਚੱਬੇਵਾਲ ਨੇ ਪੰਚਾਇਤਾਂ ਨੂੰ ਨਸ਼ਿਆਂ ਵਿਰੁੱਧ ਇਕਜੁੱਟ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਪੰਚਾਇਤਾਂ ਨਸ਼ੇ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਵਿਚ ਅਹਿਮ ਯੋਗਦਾਨ ਪਾ ਸਕਦੀਆਂ ਨੇ |

Byte : MP Chabewal

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖਾਤਮੇ ਲਈ ਛੇਤੀ ਹੀ ਨੀਤੀ ਤਿਆਰ ਕਰ ਰਹੀ ਹੈ ਜਿਸ ਨਾਲ ਇਨ੍ਹਾਂ ਯਤਨਾਂ ਨੂੰ ਹੋਰ ਸੁਚਾਰੂ ਢੰਗ ਨਾਲ ਲਾਗੂ ਕਰਨ ਵਿੱਚ ਮਦਦ ਮਿਲੇਗੀ। ਸਥਾਨਕ ਸਿਟੀ ਸੈਂਟਰ ਵਿੱਚ ਹੁਸ਼ਿਆਰਪੁਰ ਬਲਾਕ-1 ਅਤੇ 2 ਦੀਆਂ 300 ਪੰਚਾਇਤਾਂ ਅਤੇ ਨੁਮਾਇੰਦਿਆਂ ਦੀ ਹਾਜ਼ਰੀ ਵਿੱਚ ਪ੍ਰਸ਼ਾਸਨ ਨੇ ਅਪੀਲ ਕੀਤੀ ਕਿ ਜੇਕਰ ਕੋਈ ਵਿਅਕਤੀ ਕਿਸੇ ਵੀ ਇਲਾਕੇ ਵਿੱਚ ਨਸ਼ਾ ਵੇਚਦਾ ਏ ਤਾਂ ਉਸ ਦੀ ਸੂਚਨਾ ਜ਼ਿਲ੍ਹਾ ਪੁਲਿਸ ਦੇ ਹੈਲਪਲਾਈਨ ਨੰਬਰ 95016-60318 ਜਾਂ ਕੰਟਰੋਲ ਰੂਮ ਨੰਬਰ 75290-30100 ’ਤੇ ਦਿੱਤੀ ਜਾਵੇ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ। ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਐਸ.ਐਸ.ਪੀ. ਸੁਰਿੰਦਰ ਲਾਂਬਾ ਨੇ ਭਰੋਸਾ ਦਿੱਤਾ ਕਿ ਦਿੱਤੀ ਗਈ ਹਰ ਸੂਚਨਾ ਨੂੰ ਪੂਰੀ ਤਰ੍ਹਾਂ ਗੁਪਤ ਰੱਖਦੇ ਹੋਏ ਨਸ਼ਾ ਤਸਕਰਾਂ ਜਾਂ ਵੇਚਣ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

Byte; DC Komal Mittal

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪ੍ਰਸ਼ਾਸਨ, ਪੰਚਾਇਤਾਂ ਅਤੇ ਇਲਾਕਾ ਨਿਵਾਸੀਆਂ ਦੇ ਸਾਂਝੇ ਯਤਨਾਂ ਨਾਲ ਹੀ ਇਸ ਸਮੱਸਿਆ ਦਾ ਹੱਲ ਹੋ ਸਕਦਾ ਹੈ, ਜਿਸ ਲਈ ਸਾਰਿਆਂ ਨੂੰ ਮਿਲ ਕੇ ਕਾਰਗਰ ਕਦਮ ਚੁੱਕਣੇ ਚਾਹੀਦੇ ਹਨ।

------------------------------------------------------------

ਸੂਬੇ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਏ ਕਿ ਉਹ ਨਵੇਂ ਉਭਰੇ ਹਿਉਮਨ ਮੈਟਾ-ਨਿਊਮੋ-ਵਾਇਰਸ (ਐਚ.ਐਮ.ਪੀ.ਵੀ) ਤੋਂ ਕਿਸੇ ਵੀ ਤਰ੍ਹਾਂ ਨਾ ਘਬਰਾਉਣ । ਸਿਹਤ ਮੰਤਰੀ ਨੇ ਅੱਜ ਨੂੰ ਸਰਕਾਰੀ ਰਾਜਿੰਦਰਾ ਹਸਪਤਾਲ ਵਿਖੇ ਇਸ ਵਾਇਰਸ ਤੋਂ ਸੰਭਾਵਤ ਪ੍ਰਭਾਵਤ ਵਿਅਕਤੀਆਂ ਦੇ ਇਲਾਜ ਲਈ ਕੀਤੀਆਂ ਤਿਆਰੀਆਂ ਦਾ ਜਾਇਜ਼ਾ ਲਿਆ । ਉਨ੍ਹਾਂ ਦੱਸਿਆ ਕਿ ਇਸ ਵਾਇਰਸ ਦੀ ਟੈਸਟਿੰਗ ਸਹੂਲਤ ਰਾਜਿੰਦਰਾ ਹਸਪਤਾਲ ਸਮੇਤ ਪੂਰੇ ਪੰਜਾਬ 'ਚ ਉਪਲਬੱਧ ਏ ਅਤੇ ਇੱਥੇ ਲਾਇਫ ਸਪੋਰਟ ਐਮਰਜੈਂਸੀ ਸਵਾਇਨ ਫਲੂ ਵਾਰਡ ਵਿੱਚ 20 ਬੈਡ ਤੇ 5 ਨੰਬਰ ਵਾਰਡ 'ਚ 30 ਬੈਡਾਂ ਸਮੇਤ 20 ਵੈਂਟੀਲੇਟਰ ਤਿਆਰ ਨੇ । ‘ਮੰਤਰੀ ਨੇ

ਸਪੱਸ਼ਟ ਕੀਤਾ ਹੈ ਕਿ ਐਚ.ਐਮ.ਪੀ. ਵਾਇਰਸ ਕਰੋਨਾ ਵਰਗਾ ਵਾਇਰਸ ਨਹੀਂ ਏ, ਇਸ ਲਈ ਇਸ ਤੋਂ ਕਿਸੇ ਵੀ ਤਰ੍ਹਾਂ ਦੀ ਘਬਰਾਹਟ ਵਿੱਚ ਆਉਣ ਦੀ ਲੋੜ ਨਹੀਂ ਹੈ ਸਗੋਂ ਇਹ ਇੱਕ ਆਮ ਜ਼ੁਕਾਮ ਵਰਗਾ ਫਲੂ ਵਰਗਾ ਵਾਇਰਸ ਏ । ਇਹ ਮਾਮੂਲੀ ਜਿਹਾ ਬੁਖ਼ਾਰ ਤੇ ਖਾਂਸੀ ਜ਼ੁਕਾਮ ਕਰਦਾ ਏ, ਜੋ ਕਿ ਇੱਕ ਹਫ਼ਤੇ 'ਚ ਆਪਣੇ ਆਪ ਹੀ ਠੀਕ ਹੋ ਜਾਂਦਾ ਹੈ ਅਤੇ ਇਸ 'ਚ ਕੋਈ ਖ਼ਤਰਾ ਨਹੀਂ ਹੈ।

---------------------------------------------------------

ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਤੇ ਮਸਲਿਆਂ ਦੇ ਹੱਲ ਲਈ ਗਠਿਤ ਵਿੱਤ ਮੰਤਰੀ, ਐਡਵੋਕੇਟ ਹਰਪਾਲ ਸਿੰਘ ਚੀਮਾ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ, ਕੁਲਦੀਪ ਸਿੰਘ ਧਾਲੀਵਾਲ 'ਤੇ ਆਧਾਰਿਤ ਕੈਬਨਿਟ ਸਬ-ਕਮੇਟੀ ਨੇ ਅੱਜ ਮੈਰੀਟੋਰੀਅਸ ਟੀਚਰਜ਼ ਯੂਨੀਅਨ, 3704 ਅਧਿਆਪਕ ਯੂਨੀਅਨ, ਡੈਮੋਕਰੇਟਿਕ ਟੀਚਰਜ਼ ਫਰੰਟ, ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ, ਖੇਤਬਾੜੀ ਵਿਦਿਆਰਥੀ ਐਸੋਸੀਏਸ਼ਨ, ਅਤੇ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਨੁਮਾਇੰਦਿਆਂ ਨਾਲ ਲੜੀਵਾਰ ਮੀਟਿੰਗਾਂ

ਕੀਤੀਆਂ। ਮੀਟਿੰਗ ਦੌਰਾਨ ਮੈਰੀਟੋਰੀਅਸ ਟੀਚਰਜ਼ ਯੂਨੀਅਨ ਦੇ ਨੁਮਾਇੰਦਿਆਂ ਦੀਆਂ ਮੰਗਾਂ ਅਤੇ ਮੁੱਦਿਆਂ ਬਾਰੇ ਵਿੱਤ ਮੰਤਰੀ ਨੇ ਕੈਬਨਿਟ ਸਬ-ਕਮੇਟੀ ਦੀ ਤਰਫੋਂ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਅਧਿਆਪਕਾਂ ਦੀਆਂ ਸੇਵਾਵਾਂ ਰੈਗੂਲਰ ਕਰਨ ਬਾਰੇ ਇਸ ਮਕਸਦ ਲਈ ਗਠਿਤ ਅਫਸਰ ਕਮੇਟੀ ਰਾਹੀਂ ਵਿਚਾਰ ਕੀਤਾ ਜਾਵੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਯੂਨੀਅਨ ਦੀਆਂ ਵਿੱਤੀ ਮੰਗਾਂ ਸਬੰਧੀ ਰਿਪੋਰਟ ਤਿਆਰ ਕਰਕੇ ਵਿੱਤ ਵਿਭਾਗ ਨੂੰ ਭੇਜੀ ਜਾਵੇ। ਡੈਮੋਕ੍ਰੇਟਿਕ ਟੀਚਰਜ਼ ਫਰੰਟ ਨਾਲ ਮੀਟਿੰਗ ਦੌਰਾਨ ਕੈਬਨਿਟ ਸਬ-ਕਮੇਟੀ ਨੇ ਸਿੱਖਿਆ ਵਿਭਾਗ ਨੂੰ ਫਰੰਟ ਵੱਲੋਂ ਉਠਾਏ ਗਏ ਉਨ੍ਹਾਂ ਮੁੱਦਿਆਂ, ਜੋ ਇਸ ਸਮੇਂ ਅਦਾਲਤ ਵਿੱਚ ਹਨ ਜਾਂ ਕਾਨੂੰਨੀ ਅੜਚਣਾਂ ਦਾ ਸਾਹਮਣਾ ਕਰ ਸਕਦੇ ਨੇ, ਬਾਰੇ ਵਿੱਤ ਮੰਤਰੀ ਨੇ ਐਡਵੋਕੇਟ ਜਨਰਲ ਦਫਤਰ ਤੋਂ ਕਾਨੂੰਨੀ ਰਾਏ ਲੈਣ ਦੇ ਨਿਰਦੇਸ਼ ਦਿੱਤੇ। ਆਂਗਣਵਾੜੀ ਮੁਲਾਜਮ ਯੂਨੀਅਨ ਵੱਲੋਂ ਉਠਾਏ ਗਏ ਗਰੈਚੁਟੀ ਦੇ ਮੁੱਦੇ ਦੇ ਸਬੰਧ ਵਿੱਚ ਕੈਬਨਿਟ ਸਬ-ਕਮੇਟੀ ਨੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ

ਵਿਭਾਗ ਨੂੰ ਕਾਨੂੰਨੀ ਸਲਾਹ ਲੈਣ ਉਪਰੰਤ ਮਾਮਲਾ ਵਿੱਤ ਵਿਭਾਗ ਨੂੰ ਭੇਜਣ ਦੇ ਨਿਰਦੇਸ਼ ਦਿੱਤੇ ਨੇ।

---------------------------------------------------------------

ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ ਨਵੀਂ ਦਿੱਲੀ ਵਿਚ ਮਹੀਕੁੰਭ 2025 ਨੂੰ ਸਰਪਿਤ ਆਕਾਸ਼ਵਾਣੀ ਅਤੇ ਦੂਰਦਰਸ਼ਨ ਦਾ ਵਿਸ਼ੇਸ਼ ਗੀਤ ਲਾਂਚ ਕੀਤਾ

**song**

---------------------------------------------------------------

ਮੌਸਮ ਵਿਭਾਗ ਨੇ ਪੰਜਾਬ ਵਿਚ ਆਉਂਦੇ ਦੋ ਦਿਨਾਂ ਵਿਚ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ। ਦਿਨ ਦੇ ਤਾਪਮਾਨ ਵਿਚ ਕੁਝ ਜਿਆਦਾ ਫਰਕ ਨਹੀਂ ਆਵੇਗਾ। ਮੌਸਮ ਵਿਭਾਗ ਦੇ ਡਾਇਰੈਕਟਰ ਸੁਰਿੰਦਰ ਪਾਲ ਨੇ ਦਸਿਆ

**Byte**

---------------------------------------------------------------

- ਇਕ ਦੇਸ਼ ਇਕ ਚੋਣ ਨਾਲ ਸਬੰਧਤ ਦੋ ਬਿਲਾਂ ਬਾਰੇ ਸਾਂਝੀ ਸੰਸਦੀ ਕਮੇਟੀ ਦੀ ਪਹਿਲੀ ਮੀਟਿੰਗ ਅਜ ਨਵੀਂ ਦਿੱਲੀ ਵਿਖੇ ਹੋਈ।
- ਪੰਜਾਬ ਦੇ ਸਿਹਤ ਦੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਏ ਕਿ ਉਹ ਐਚ ਐਮ ਪੀ ਵੀ ਵਾਇਰਸ ਤੋਂ ਕਿਸੇ ਤਰ੍ਹਾਂ ਨਾ ਘਬਰਾਉਣ।
- ਹੁਸ਼ਿਆਰਪੁਰ ਜ਼ਿਲ੍ਹਾ ਪੁਲਿਸ ਤੇ ਸਿਵਲ ਪ੍ਰਸ਼ਾਸਨ ਵੱਲੋਂ ਨਸ਼ੇ ਦੇ ਖਾਤਮੇ ਲਈ ਮਿਸ਼ਨ ਹੁਸ਼ਿਆਰ ਦੀ ਸ਼ੁਰੂਆਤ।
- ਮੌਸਮ ਵਿਭਾਗ ਨੇ ਪੰਜਾਬ ਵਿਚ ਆਉਂਦੇ ਦੋ ਦਿਨਾਂ ਵਿਚ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ।